**ਪ੍ਰਧਾਨ ਮੰਤਰੀ ਨੇ ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਭਾਰਤੀ ਪ੍ਰਵਾਸੀਆਂ ਨੂੰ ਸੰਬੋਧਿਤ ਕੀਤਾ (03 ਜੁਲਾਈ, 2025)**

ਜੁਲਾਈ 04, 2025

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਭਾਰਤੀ ਪ੍ਰਵਾਸੀਆਂ ਦੇ ਇੱਕ ਵੱਡੇ ਸਮੂਹ ਨੂੰ ਸੰਬੋਧਿਤ ਕੀਤਾ। ਇਸ ਸਮਾਗਮ ਵਿੱਚ ਤ੍ਰਿਨੀਦਾਦ ਅਤੇ ਟੋਬੈਗੋ ਗਣਰਾਜ ਦੇ ਪ੍ਰਧਾਨ ਮੰਤਰੀ, ਮਹਾਮਹਿਮ ਸ਼੍ਰੀਮਤੀ ਕਮਲਾ ਪ੍ਰਸਾਦ-ਬਿਸੇਸਰ, ਉਨ੍ਹਾਂ ਦੇ ਮੰਤਰੀ ਮੰਡਲ ਦੇ ਸਦੱਸ, ਸੰਸਦ ਦੇ ਸਦੱਸ ਅਤੇ ਕਈ ਹੋਰ ਪਤਵੰਤੇ ਸ਼ਾਮਲ ਹੋਏ। ਇਸ ਸਮਾਗਮ ਵਿੱਚ, ਪ੍ਰਧਾਨ ਮੰਤਰੀ ਦਾ ਪ੍ਰਵਾਸੀਆਂ ਵੱਲੋਂ ਅਸਾਧਾਰਣ ਗਰਮਜੋਸ਼ੀ ਨਾਲ ਅਭਿਵਾਦਨ ਕੀਤਾ ਗਿਆ ਅਤੇ ਉਨ੍ਹਾਂ ਦਾ ਰੰਗਾਰੰਗ ਪਰੰਪਰਾਗਤ ਭਾਰਤੀ-ਤ੍ਰਿਨੀਦਾਦੀ ਤਰੀਕੇ ਨਾਲ ਸੁਆਗਤ ਦਿੱਤਾ ਗਿਆ।

2.ਸਮਾਗਮ ਵਿੱਚ ਪ੍ਰਧਾਨ ਮੰਤਰੀ ਮੋਦੀ ਦਾ ਸਵਾਗਤ ਕਰਦੇ ਹੋਏ, ਪ੍ਰਧਾਨ ਮੰਤਰੀ ਕਮਲਾ ਪ੍ਰਸਾਦ ਬਿਸੇਸਰ ਨੇ ਐਲਾਨ ਕੀਤਾ ਕਿ ਤ੍ਰਿਨੀਦਾਦ ਅਤੇ ਟੋਬੈਗੋ ਉਨ੍ਹਾਂ ਨੂੰ ਉੱਚਤਮ ਰਾਸ਼ਟਰੀ ਪੁਰਸਕਾਰ, "ਦ ਆਰਡਰ ਆਫ ਡ ਰਿਪਬਲਿਕ ਆਫ ਦ ਤ੍ਰਿਨੀਦਾਦ ਅਤੇ ਟੋਬੈਗੋ" ਪ੍ਰਦਾਨ ਕਰਨਗੇ। ਪ੍ਰਧਾਨ ਮੰਤਰੀ ਨੇ ਇਸ ਸਨਮਾਨ ਦੇ ਲਈ ਉਨ੍ਹਾਂ ਦਾ ਅਤੇ ਤ੍ਰਿਨੀਦਾਦ ਅਤੇ ਟੋਬੈਗੋ ਦੇ ਲੋਕਾਂ ਦਾ ਹਾਰਦਿਕ ਧੰਨਵਾਦ ਕੀਤਾ।

3. ਪ੍ਰਧਾਨ ਮੰਤਰੀ ਮੋਦੀ ਨੇ ਆਪਣੇ ਸੰਬੋਧਨ ਵਿੱਚ ਤ੍ਰਿਨੀਦਾਦ ਅਤੇ ਟੋਬੈਗੋ ਦੀ ਪ੍ਰਧਾਨ ਮੰਤਰੀ ਕਮਲਾ ਪ੍ਰਸਾਦ-ਬਿਸੇਸਰ ਨੂੰ ਉਨ੍ਹਾਂ ਦੀ ਗਰਮਜੋਸ਼ੀ ਅਤੇ ਦੋਵਾਂ ਦੇਸ਼ਾਂ ਦੇ ਵਿੱਚ ਜੀਵੰਤ ਅਤੇ ਵਿਸ਼ੇਸ਼ ਸੰਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਧੰਨਵਾਦ ਕੀਤਾ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦੀ ਇਤਿਹਾਸਕ ਯਾਤਰਾ ਅਜਿਹੇ ਸਮੇਂ ਵਿੱਚ ਹੋਈ ਹੈ ਜਦੋਂ ਰਾਸ਼ਟਰ ਆਪਣੇ ਤੱਟ 'ਤੇ ਭਾਰਤੀ ਪ੍ਰਵਾਸੀਆਂ ਦੇ ਪਹਿਲੇ ਆਗਮਨ ਦੇ 180 ਸਾਲਾਂ ਦਾ ਜਸ਼ਨ ਮਨਾ ਰਿਹਾ ਹੈ, ਜਿਸ ਨੇ ਇਸ ਨੂੰ ਹੋਰ ਵਿਸ਼ੇਸ਼ ਬਣਾ ਦਿੱਤਾ ਹੈ। ਪ੍ਰਧਾਨ ਮੰਤਰੀ ਨੇ ਭਾਰਤੀ ਪ੍ਰਵਾਸੀਆਂ ਨੂੰ ਉਨ੍ਹਾਂ ਦੇ ਸੁਗਮ, ਸੱਭਿਆਚਾਰਕ ਸਮ੍ਰਿੱਧੀ ਅਤੇ ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਉਨ੍ਹਾਂ ਦੇ ਅਪਾਰ ਯੋਗਦਾਨ ਦੀ ਪ੍ਰਸ਼ੰਸਾ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਭਾਰਤੀ ਪ੍ਰਵਾਸੀਆਂ ਨੇ ਆਪਣੀਆਂ ਭਾਰਤੀ ਸੱਭਿਆਚਾਰਕ ਜੜ੍ਹਾਂ ਅਤੇ ਪਰੰਪਰਾਵਾਂ ਨੂੰ ਸੰਭਾਲਣਾ ਅਤੇ ਪੋਸ਼ਿਤ ਕਰਨਾ ਜਾਰੀ ਰੱਖਿਆ ਹੋਇਆ ਹੈ। ਇਨ੍ਹਾਂ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਲਈ ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਕਿ OCI ਕਾਰਡ ਹੁਣ ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਭਾਰਤੀ ਮੂਲ ਦੀ 6ਵੀਂ ਪੀੜ੍ਹੀ ਦੇ ਲੋਕਾਂ ਨੂੰ ਜਾਰੀ ਕੀਤੇ ਜਾਣਗੇ। ਇਸ ਵਿਸ਼ੇਸ਼ ਭਾਵ ਦਾ ਜ਼ੋਰਦਾਰ ਤਾੜੀਆਂ ਨਾਲ ਸੁਆਗਤ ਕੀਤਾ ਗਿਆ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਭਾਰਤ ਸਰਕਾਰ ਗਿਰਮਿਟਿਯਾ ਵਿਰਾਸਤ ਨੂੰ ਪੋਸ਼ਿਤ ਕਰਨ ਦੇ ਲਈ ਕਈ ਪਹਿਲਾਂ ਦਾ ਸਮਰਥਨ ਕਰੇਗੀ।

4. ਪ੍ਰਧਾਨ ਮੰਤਰੀ ਨੇ ਬੁਨਿਆਦੀ ਢਾਂਚੇ, ਡਿਜਿਟਲ ਤਕਨਾਲੋਜੀ, ਨਿਰਮਾਣ, ਗ੍ਰੀਨ ਪਾਥਵੇ, ਪੁਲਾੜ, ਇਨੋਵੇਸ਼ਨ ਅਤੇ ਸਟਾਰਟ-ਅੱਪ ਦੇ ਖੇਤਰਾਂ ਵਿੱਚ ਭਾਰਤ ਦੇ ਤੇਜ਼ੀ ਨਾਲ ਵਿਕਾਸ ਅਤੇ ਪਰਿਵਰਤਨ ਦਾ ਉਲੇਖ ਕੀਤਾ। ਉਨ੍ਹਾਂ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਪਿਛਲੇ ਇੱਕ ਦਹਾਕੇ ਵਿੱਚ ਭਾਰਤ ਨੇ ਸਮਾਵੇਸ਼ੀ ਵਿਕਾਸ ਨੂੰ ਪ੍ਰੋਤਸਾਹਨ ਦੇਣ ਵਿੱਚ ਮਹੱਤਵਪੂਰਨ ਪ੍ਰਗਤੀ ਕੀਤੀ ਹੈ ਅਤੇ250 ਮਿਲੀਅਨ ਤੋਂ ਵੱਧ ਲੋਕਾਂ ਨੂੰ ਅਤਿਅੰਤ ਗਰੀਬੀ ਤੋਂ ਬਾਹਰ ਕੱਢਿਆ ਗਿਆ ਹੈ। ਭਾਰਤ ਦੀ ਵਿਕਾਸ ਦੀ ਕਹਾਣੀ ਦੇ ਵੱਖ-ਵੱਖ ਪਹਿਲੂਆਂ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਦੇਸ਼

ਜਲਦ ਹੀ ਵਿਸ਼ਵ ਦੀਆਂ ਪ੍ਰਮੁੱਖ ਤਿੰਨ ਅਰਥਵਿਵਸਥਾਵਾਂ ਵਿੱਚੋਂ ਇੱਕ ਹੋਵੇਗਾ। ਪ੍ਰਧਾਨ ਮੰਤਰੀ ਨੇ ਜ਼ੋਰ ਦਿੱਤਾ ਕਿ AI, ਸੈਮੀਕੰਡਕਟਰ ਅਤੇ ਕੁਆਂਟਮ ਕੰਪਿਊਟਿੰਗ 'ਤੇ ਰਾਸ਼ਟਰੀ ਮਿਸ਼ਨ ਦੇਸ਼ ਦੇ ਵਿਕਾਸ ਦੇ ਨਵੇਂ ਇੰਜਨ ਬਣ ਰਹੇ ਹਨ। ਭਾਰਤ ਵਿੱਚ UPI ਆਧਾਰਿਤ ਡਿਜਿਟਲ ਭੁਗਤਾਨਾਂ ਦੀ ਸਫਲਤਾ ਨੂੰ ਰੇਖਾਂਕਿਤ ਕਰਦੇ ਹੋਏ, ਉਨ੍ਹਾਂ ਨੇ ਆਸ਼ਾ ਵਿਅਕਤ ਕੀਤੀ ਕਿ ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਇਸ ਨੂੰ ਅਪਣਾਉਣਾ ਸਮਾਨ ਰੂਪ ਨਾਲ ਉਤਸ਼ਾਹਜਨਕ ਹੋਵੇਗਾ। ਸ਼੍ਰੀ ਮੋਦੀ ਨੇ ਭਾਰਤ ਦੇ ਸਦੀਆਂ ਪੁਰਾਣੇ ਦਰਸ਼ਨ ਵਸੁਧੈਵ ਕੁਟੁੰਬਕਮ, ਜਿਸ ਦਾ ਅਰਥ ਹੈ ਕਿ ਦੁਨੀਆ ਇੱਕ ਪਰਿਵਾਰ ਹੈ, ਨੂੰ ਕੋਵਿਡ ਮਹਾਂਮਾਰੀ ਦੇ ਦੌਰਾਨ ਸਪਸ਼ਟ ਤੌਰ 'ਤੇ ਪ੍ਰਦਰਸ਼ਿਤ ਕੀਤਾ ਹੈ, ਉਨ੍ਹਾਂ ਨੇ ਪ੍ਰਗਤੀ ਅਤੇ ਰਾਸ਼ਟਰ ਨਿਰਮਾਣ ਦੀ ਰਾਹ ਵਿੱਚ T&T ਨੂੰ ਨਿਰੰਤਰ ਸਮਰਥਨ ਦੇਣ ਦੀ ਪੇਸ਼ਕਸ਼ ਕੀਤੀ।

5. ਇਸ ਸ਼ਾਨਦਾਰ ਸਮਾਗਮ ਵਿੱਚ 4000 ਤੋਂ ਵੱਧ ਲੋਕਾਂ ਨੇ ਹਿੱਸਾ ਲਿਆ ਅਤੇ ਮਹਾਤਮਾ ਗਾਂਧੀ ਸੱਭਿਆਚਾਰਕ ਸਹਿਯੋਗ ਸੰਸਥਾਨ ਅਤੇ ਹੋਰ ਸੰਗਠਨਾਂ ਦੇ ਕਲਾਕਾਰਾਂ ਵੱਲੋਂ ਇੱਕ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪ੍ਰਸਤੁਤ ਕੀਤਾ ਗਿਆ।

6. ਪ੍ਰਧਾਨ ਮੰਤਰੀ ਦਾ ਪੂਰਾ ਸੰਬੋਧਨ ਇੱਥੇ ਦੇਖਿਆ ਜਾ ਸਕਦਾ ਹੈ।

ਪੋਰਟ ਆਫ ਸਪੇਨ

ਜੁਲਾਈ 03, 2025